ਸਰਮ ਖੰਡ ਕੀ ਬਾਣੀ ਰੂਪੁ ॥ ਤਿਥੈ ਘਾੜਤਿ ਘੜੀਐ ਬਹੁਤੁ ਅਨੂਪੁ ॥ ਤਾ ਕੀਆ ਗਲਾ ਕਥੀਆ ਨਾ ਜਾਹਿ ॥ ਜੇ ਕੋ ਕਹੈ ਪਿਛੈ ਪਛੁਤਾਇ ॥ ਤਿਥੈ ਘੜੀਐ ਸੁਰਤਿ ਮਤਿ ਮਨਿ ਬੁਧਿ ॥ ਤਿਥੈ ਘੜੀਐ ਸੁਰਾ ਸਿਧਾ ਕੀ ਸੁਧਿ ॥੩੬॥ ਕਰਮ ਖੰਡ ਕੀ ਬਾਣੀ ਜੋਰੁ ॥ ਤਿਥੈ ਹੋਰੁ ਨ ਕੋਈ ਹੋਰੁ ॥ ਤਿਥੈ ਜੋਧ ਮਹਾਬਲ ਸੂਰ ॥ ਤਿਨ ਮਹਿ ਰਾਮੁ ਰਹਿਆ ਭਰਪੂਰ ॥ ਤਿਥੈ ਸੀਤੋ ਸੀਤਾ ਮਹਿਮਾ ਮਾਹਿ ॥ ਤਾ ਕੇ ਰੂਪ ਨ ਕਥਨੇ ਜਾਹਿ ॥ ਨਾ ਓਹਿ ਮਰਹਿ ਨ ਠਾਗੇ ਜਾਹਿ ॥ ਜਿਨ ਕੈ ਰਾਮੁ ਵਸੈ ਮਨ ਮਾਹਿ ॥ ਤਿਥੈ ਭਗਤ ਵਸਹਿ ਕੇ ਲੋਅ ॥ ਕਰਹਿ ਅਨੰਦੁ ਸਚਾ ਮਨਿ ਸੋਇ ॥ ਸਚ ਖੰਡਿ ਵਸੈ ਨਿਰੰਕਾਰੁ॥ ਕਰਿ ਕਰਿ ਵੇਖੈ ਨਦਰਿ ਨਿਹਾਲ ॥ ਤਿਥੈ ਖੰਡ ਮੰਡਲ ਵਰਭੰਡ ॥ ਜੇ ਕੋ ਕਥੈ ਤ ਅੰਤ ਨ ਅੰਤ ॥ ਤਿਥੈ ਲੋਅ ਲੋਅ ਆਕਾਰ ॥ ਜਿਵ ਜਿਵ ਹੁਕਮੁ ਤਿਵੈ ਤਿਵ ਕਾਰ ॥ ਵੇਖੈ ਵਿਗਸੈ ਕਰਿ ਵੀਚਾਰੁ ॥ ਨਾਨਕ ਕਥਨਾ ਕਰੜਾ ਸਾਰੁ ॥੩੭॥ ਜਤੁ ਪਾਹਾਰਾ ਧੀਰਜੁ ਸੁਨਿਆਰੁ ॥ ਅਹਰਣਿ ਮਤਿ ਵੇਦੁ ਹਥੀਆਰੁ ॥ ਭਉ ਖਲਾ ਅਗਨਿ ਤਪ ਤਾਉ ॥ ਭਾਂਡਾ ਭਾਉ ਅੰਮ੍ਰਿਤੁ ਤਿਤੁ ਢਾਲਿ ॥ ਘੜੀਐ ਸਬਦੁ ਸਚੀ ਟਕਸਾਲ ॥ ਜਿਨ ਕਉ ਨਦਰਿ ਕਰਮੁ ਤਿਨ ਕਾਰ ॥ ਨਾਨਕ ਨਦਰੀ ਨਦਰਿ ਨਿਹਾਲ ॥੩੮॥ ਸਲੋਕੁ ॥ ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥ ਦਿਵਸੁ ਰਾਤਿ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ ॥ ਚੰਗਿਆਈਆ ਬੁਰਿਆਈਆ ਵਾਚੈ ਧਰਮੁ ਹਦੂਰਿ ॥ ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ ॥ ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ ॥ ਨਾਨਕ ਤੇ ਮੁਖ ਉਜਲੇ ਕੇਤੀ ਛੁਟੀ ਨਾਲਿ ॥੧॥

ਸੋ ਦਰੁ ਰਾਗੁ ਆਸਾ ਮਹਲਾ ੧ ੴ ਸਤਿਗੁਰ ਪ੍ਰਸਾਦਿ ॥

ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ ॥ ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ ॥ ਕੇਤੇ ਤੇਰੇ ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ ॥ ਗਾਵਨਿ ਤੁਧਨੋ ਪਵਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮੁ ਦੁਆਰੇ ॥ ਗਾਵਨਿ ਤੁਧਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ ਧਰਮੁ ਬੀਚਾਰੇ ॥ ਗਾਵਨਿ ਤੁਧਨੋ ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ ਸਦਾ ਸਵਾਰੇ ॥ ਗਾਵਨਿ ਤੁਧਨੋ ਇੰਦ੍ਰ ਇੰਦ੍ਰਾਸਣਿ ਬੈਠੇ ਦੇਵਤਿਆ ਦਰਿ ਨਾਲੇ ॥ ਗਾਵਨਿ ਤੁਧਨੋ ਸਿਧ ਸਮਾਧੀ ਅੰਦਰਿ ਗਾਵਨਿ ਤੁਧਨੋ ਸਾਧ ਬੀਚਾਰੇ ॥

ਗਾਵਨਿ ਤੁਧਨੋ ਜਤੀ ਸਤੀ ਸੰਤੋਖੀ ਗਾਵਨਿ ਤੁਧਨੋ ਵੀਰ ਕਰਾਰੇ ॥ ਗਾਵਨਿ ਤੁਧਨੋ ਪੰਡਿਤ ਪੜਨਿ ਰਖੀਸੁਰ ਜੁਗੁ ਜੁਗੁ ਵੇਦਾ ਨਾਲੇ ॥ ਗਾਵਨਿ ਤੁਧਨੋ ਮੋਹਣੀਆ ਮਨੁ ਮੋਹਨਿ ਸੁਰਗੁ ਮਛੁ ਪਇਆਲੇ ॥ ਗਾਵਨਿ ਤੁਧਨੋ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥ ਗਾਵਨਿ ਤੁਧਨੋ ਜੋਧ ਮਹਾਬਲ ਸੂਰਾ ਗਾਵਨਿ ਤੁਧਨੋ ਖਾਣੀ ਚਾਰੇ ॥ ਗਾਵਨਿ ਤੁਧਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ ॥ ਸੇਈ ਤੁਧਨੋ ਗਾਵਨਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥ ਹੋਰਿ ਕੇਤੇ ਤੁਧਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ ॥ ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ ॥ ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਦੇਖੈ ਕੀਤਾ ਆਪਣਾ ਜਿਉ ਤਿਸ ਦੀ ਵਡਿਆਈ ॥ ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਤਿਸਾਹਿਬੁ ਨਾਨਕ ਰਹਣੁ ਰਜਾਈ ॥੧॥ ਆਸਾ ਮਹਲਾ ੧ ॥ ਸੁਣਿ ਵਡਾ ਆਖੈ ਸਭੁ ਕੋਇ ॥ ਕੇਵਡੁ ਵਡਾ ਡੀਠਾ ਹੋਇ ॥ ਕੀਮਤਿ ਪਾਇ ਨ ਕਹਿਆ ਜਾਇ ॥ ਕਹਣੈ ਵਾਲੇ ਤੇਰੇ ਰਹੇ ਸਮਾਇ ॥੧॥ ਵਡੇ ਮੇਰੇ ਸਾਹਿਬਾ ਗਹਿਰ ਗੰਭੀਰਾ ਗੁਣੀ ਗਹੀਰਾ ॥ ਕੋਇ ਨ ਜਾਣੈ ਤੇਰਾ ਕੇਤਾ ਕੇਵਡੁ ਚੀਰਾ ॥੧॥ ਰਹਾਉ ॥ ਸਭਿ ਸੁਰਤੀ ਮਿਲਿ ਸੁਰਤਿ ਕਮਾਈ ॥ ਸਭ ਕੀਮਤਿ ਮਿਲਿ ਕੀਮਤਿ ਪਾਈ ॥ ਗਿਆਨੀ ਧਿਆਨੀ ਗੁਰ ਗੁਰਹਾਈ ॥ ਕਹਣੁ ਨ ਜਾਈ ਤੇਰੀ ਤਿਲੁ ਵਡਿਆਈ ॥੨॥ ਸਭਿ ਸਤ ਸਭਿ ਤਪ ਸਭਿ ਚੰਗਿਆਈਆ ॥ ਸਿਧਾ ਪੁਰਖਾ ਕੀਆ ਵਡਿਆਈਆ ॥ ਤੁਧੁ ਵਿਣੁ ਸਿਧੀ ਕਿਨੈ ਨ ਪਾਈਆ ॥ ਕਰਮਿ ਮਿਲੈ ਨਾਹੀ ਠਾਕਿ ਰਹਾਈਆ ॥੩॥ ਆਖਣ ਵਾਲਾ ਕਿਆ ਵੇਚਾਰਾ ॥ ਸਿਫਤੀ ਭਰੇ ਤੇਰੇ ਭੰਡਾਰਾ ॥ ਜਿਸੁ ਤੂ ਦੇਹਿ ਤਿਸੈ ਕਿਆ ਚਾਰਾ ॥ ਨਾਨਕ ਸਚੁ ਸਵਾਰਣਹਾਰਾ ॥੪॥੨॥ ਆਸਾ ਮਹਲਾ ੧ ॥ ਆਖਾ ਜੀਵਾ ਵਿਸਰੈ ਮਰਿ ਜਾਉ ॥ ਆਖਣਿ ਅਉਖਾ ਸਾਚਾ ਨਾਉ ॥ ਸਾਚੇ ਨਾਮ ਕੀ ਲਾਗੈ ਭੂਖ ॥ ਉਤੁ ਭੂਖੈ ਖਾਇ ਚਲੀਅਹਿ ਦੂਖ ॥੧॥ ਸੋ ਕਿਉ ਵਿਸਰੈ ਮੇਰੀ ਮਾਇ ॥ ਸਾਚਾ ਸਾਹਿਬੁ ਸਾਚੈ ਨਾਇ ॥੧॥ ਰਹਾਉ ॥ ਸਾਚੇ ਨਾਮ ਕੀ ਤਿਲੁ ਵਡਿਆਈ ॥ ਆਖਿ ਥਕੇ ਕੀਮਤਿ ਨਹੀ ਪਾਈ ॥ ਜੇ ਸਭਿ ਮਿਲਿ ਕੈ ਆਖਣ ਪਾਹਿ ॥ ਵਡਾ ਨ ਹੋਵੈ ਘਾਟਿ ਨ ਜਾਇ ॥੨॥ ਨਾ ਓਹੁ ਮਰੈ ਨ ਹੋਵੈ ਸੋਗੁ ॥ ਦੇਦਾ ਰਹੈ ਨ ਚੂਕੈ ਭੋਗੁ ॥ ਗੁਣੁ ਏਹੋ ਹੋਰੁ ਨਾਹੀ ਕੋਇ ॥ ਨਾ ਕੋ ਹੋਆ ਨਾ ਕੋ ਹੋਇ ॥੩॥ ਜੇਵਡੁ ਆਪਿ ਤੇਵਡ ਤੇਰੀ ਦਾਤਿ ॥

ਜਿਨਿ ਦਿਨੁ ਕਰਿ ਕੈ ਕੀਤੀ ਰਾਤਿ ॥ ਖਸਮੁ ਵਿਸਾਰਹਿ ਤੇ ਕਮਜਾਤਿ ॥ ਨਾਨਕ ਨਾਵੈ ਬਾਝੁ ਸਨਾਤਿ ॥੪॥੩॥ ਰਾਗੁ ਗੂਜਰੀ ਮਹਲਾ ੪ ॥ ਹਰਿ ਕੇ ਜਨ ਸਤਿਗੁਰ ਸਤਪੁਰਖਾ ਬਿਨਉ ਕਰਉ ਗੁਰ ਪਾਸਿ ॥ ਹਮ ਕੀਰੇ ਕਿਰਮ ਸਤਿਗੁਰ ਸਰਣਾਈ ਕਰਿ ਦਇਆ ਨਾਮੁ ਪਰਗਾਸਿ ॥੧॥ ਮੇਰੇ ਮੀਤ ਗੁਰਦੇਵ ਮੋ ਕਉ ਰਾਮ ਨਾਮੁ ਪਰਗਾਸਿ ॥ ਗੁਰਮਤਿ ਨਾਮੁ ਮੇਰਾ ਪ੍ਰਾਨ ਸਖਾਈ ਹਰਿ ਕੀਰਤਿ ਹਮਰੀ ਰਹਰਾਸਿ ॥੧॥ ਰਹਾਉ ॥ ਹਰਿ ਜਨ ਕੇ ਵਡ ਭਾਗ ਵਡੇਰੇ ਜਿਨ ਹਰਿ ਹਰਿ ਸਰਧਾ ਹਰਿ ਪਿਆਸ ॥ ਹਰਿ ਹਰਿ ਨਾਮੁ ਮਿਲੈ ਤ੍ਰਿਪਤਾਸਹਿ ਮਿਲਿ ਸੰਗਤਿ ਗੁਣ ਪਰਗਾਸਿ ॥੨॥ ਜਿਨ ਹਰਿ ਹਰਿ ਹਰਿ ਰਸੁ ਨਾਮੁ ਨ ਪਾਇਆ ਤੇ ਭਾਗਹੀਣ ਜਮ ਪਾਸਿ ॥ ਜੋ ਸਤਿਗੁਰ ਸਰਣਿ ਸੰਗਤਿ ਨਹੀ ਆਏ ਧ੍ਰਿਗੁ ਜੀਵੇ ਧ੍ਰਿਗੁ ਜੀਵਾਸਿ ॥੩॥ ਜਿਨ ਹਰਿ ਜਨ ਸਤਿਗੁਰ ਸੰਗਤਿ ਪਾਈ ਤਿਨ ਧੁਰਿ ਮਸਤਕਿ ਲਿਖਿਆ ਲਿਖਾਸਿ ॥ ਧਨੁ ਧੰਨੁ ਸਤਸੰਗਤਿ ਜਿਤੁ ਹਰਿ ਰਸੁ ਪਾਇਆ ਮਿਲਿ ਜਨ ਨਾਨਕ ਨਾਮੁ ਪਰਗਾਸਿ ॥੪॥੪॥ ਰਾਗੁ ਗੂਜਰੀ ਮਹਲਾ ੫ ॥ ਕਾਹੇ ਰੇ ਮਨ ਚਿਤਵਹਿ ਉਦਮੁ ਜਾ ਆਹਰਿ ਹਰਿ ਜੀਉ ਪਰਿਆ ॥ ਸੈਲ ਪਥਰ ਮਹਿ ਜੰਤ ਉਪਾਏ ਤਾ ਕਾ ਰਿਜਕੁ ਆਗੈ ਕਰਿ ਧਰਿਆ ॥੧॥ ਮੇਰੇ ਮਾਧਉ ਜੀ ਸਤਸੰਗਤਿ ਮਿਲੇ ਸੁ ਤਰਿਆ ॥ ਗੁਰ ਪਰਸਾਦਿ ਪਰਮ ਪਦੁ ਪਾਇਆ ਸੂਕੇ ਕਾਸਟ ਹਰਿਆ॥੧॥ ਰਹਾਉ॥ਜਨਨਿ ਪਿਤਾ ਲੋਕ ਸੁਤ ਬਨਿਤਾ ਕੋਇ ਨ ਕਿਸ ਕੀ ਧਰਿਆ॥ ਸਿਰਿ ਸਿਰਿ ਰਿਜਕੁ ਸੰਬਾਹੇ ਠਾਕੁਰੁ ਕਾਹੇ ਮਨ ਭਉ ਕਰਿਆ ॥੨॥ ਊਡੇ ਊਡਿ ਆਵੈ ਸੈ ਕੋਸਾ ਤਿਸੁ ਪਾਛੈ ਬਚਰੇ ਛਰਿਆ ॥ ਤਿਨ ਕਵਣੁ ਖਲਾਵੈ ਕਵਣੁ ਚੁਗਾਵੈ ਮਨ ਮਹਿ ਸਿਮਰਨੁ ਕਰਿਆ ॥੩॥ ਸਭਿ ਨਿਧਾਨ ਦਸ ਅਸਟ ਸਿਧਾਨ ਠਾਕੁਰ ਕਰ ਤਲ ਧਰਿਆ ॥ ਜਨ ਨਾਨਕ ਬਲਿ ਬਲਿ ਸਦ ਬਲਿ ਜਾਈਐ ਤੇਰਾ ਅੰਤੁ ਨ ਪਾਰਾਵਰਿਆ ॥੪॥੫॥

## ਰਾਗੁ ਆਸਾ ਮਹਲਾ ੪ ਸੋ ਪੁਰਖੁ

ੴ ਸਤਿਗੁਰ ਪ੍ਰਸਾਦਿ ॥ ਸੋ ਪੁਰਖੁ ਨਿਰੰਜਨੁ ਹਰਿ ਪੁਰਖੁ ਨਿਰੰਜਨੁ ਹਰਿ ਅਗਮਾ ਅਗਮ ਅਪਾਰਾ ॥ ਸਭਿ ਧਿਆਵਹਿ ਸਭਿ ਧਿਆਵਹਿ ਤੁਧੁ ਜੀ ਹਰਿ ਸਚੇ ਸਿਰਜਣਹਾਰਾ ॥ ਸਭਿ ਜੀਅ ਤੁਮਾਰੇ ਜੀ ਤੂੰ ਜੀਆ ਕਾ ਦਾਤਾਰਾ ॥ ਹਰਿ ਧਿਆਵਹੁ ਸੰਤਹੁ ਜੀ ਸਭਿ ਦੂਖ ਵਿਸਾਰਣਹਾਰਾ ॥ ਹਰਿ ਆਪੇ ਠਾਕੁਰੁ ਹਰਿ ਆਪੇ ਸੇਵਕੁ ਜੀ

ਕਿਆ ਨਾਨਕ ਜੰਤ ਵਿਚਾਰਾ ॥੧॥ ਤੂੰ ਘਟ ਘਟ ਅੰਤਰਿ ਸਰਬ ਨਿਰੰਤਰਿ ਜੀ ਹਰਿ ਏਕੋ ਪੁਰਖੁ ਸਮਾਣਾ ॥ ਇਕਿ ਦਾਤੇ ਇਕਿ ਭੇਖਾਰੀ ਜੀ ਸਭਿ ਤੇਰੇ ਚੋਜ ਵਿਡਾਣਾ ॥ ਤੂੰ ਆਪੇ ਦਾਤਾ ਆਪੇ ਭੁਗਤਾ ਜੀ ਹਉ ਤੁਧੁ ਬਿਨੁ ਅਵਰੁ ਨ ਜਾਣਾ ॥ ਤੂੰ ਪਾਰਬ੍ਰਹਮੁ ਬੇਅੰਤੁ ਬੇਅੰਤੁ ਜੀ ਤੇਰੇ ਕਿਆ ਗੁਣ ਆਖਿ ਵਖਾਣਾ ॥ ਜੋ ਸੇਵਹਿ ਜੋ ਸੇਵਹਿ ਤੁਧੁ ਜੀ ਜਨੁ ਨਾਨਕੁ ਤਿਨ ਕੁਰਬਾਣਾ ॥੨॥ ਹਰਿ ਧਿਆਵਹਿ ਹਰਿ ਧਿਆਵਹਿ ਤੁਧੁ ਜੀ ਸੇ ਜਨ ਜੁਗ ਮਹਿ ਸੁਖਵਾਸੀ ॥ ਸੇ ਮੁਕਤੁ ਸੇ ਮੁਕਤੁ ਭਏ ਜਿਨ ਹਰਿ ਧਿਆਇਆ ਜੀ ਤਿਨ ਤੂਟੀ ਜਮ ਕੀ ਫਾਸੀ ॥ ਜਿਨ ਨਿਰਭਉ ਜਿਨ ਹਰਿ ਨਿਰਭਉ ਧਿਆਇਆ ਜੀ ਤਿਨ ਕਾ ਭਉ ਸਭੁ ਗਵਾਸੀ ॥ ਜਿਨ ਸੇਵਿਆ ਜਿਨ ਸੇਵਿਆ ਮੇਰਾ ਹਰਿ ਜੀ ਤੇ ਹਰਿ ਹਰਿ ਰੂਪਿ ਸਮਾਸੀ ॥ ਸੇ ਧੰਨੁ ਸੇ ਧੰਨੁ ਜਿਨ ਹਰਿ ਧਿਆਇਆ ਜੀ ਜਨੁ ਨਾਨਕੁ ਤਿਨ ਬਲਿ ਜਾਸੀ ॥੩॥ ਤੇਰੀ ਭਗਤਿ ਤੇਰੀ ਭਗਤਿ ਭੰਡਾਰ ਜੀ ਭਰੇ ਬਿਅੰਤ ਬੇਅੰਤਾ ॥ ਤੇਰੇ ਭਗਤ ਤੇਰੇ ਭਗਤ ਸਲਾਹਨਿ ਤੁਧੁ ਜੀ ਹਰਿ ਅਨਿਕ ਅਨੇਕ ਅਨੰਤਾ ॥ ਤੇਰੀ ਅਨਿਕ ਤੇਰੀ ਅਨਿਕ ਕਰਹਿ ਹਰਿ ਪੂਜਾ ਜੀ ਤਪੁ ਤਾਪਹਿ ਜਪਹਿ ਬੇਅੰਤਾ ॥ ਤੇਰੇ ਅਨੇਕ ਤੇਰੇ ਅਨੇਕ ਪੜਹਿ ਬਹੁ ਸਿਮ੍ਰਿਤਿ ਸਾਸਤ ਜੀ ਕਰਿ ਕਿਰਿਆ ਖਟੁ ਕਰਮ ਕਰੰਤਾ ॥ ਸੇ ਭਗਤ ਸੇ ਭਗਤ ਭਲੇ ਜਨ ਨਾਨਕ ਜੀ ਜੋ ਭਾਵਹਿ ਮੇਰੇ ਹਰਿ ਭਗਵੰਤਾ ॥੪॥ ਤੂੰ ਆਦਿ ਪੁਰਖੁ ਅਪਰੰਪਰੁ ਕਰਤਾ ਜੀ ਤੁਧੁ ਜੇਵਡੁ ਅਵਰੁ ਨ ਕੋਈ ॥ ਤੂੰ ਜੁਗੁ ਜੁਗੁ ਏਕੋ ਸਦਾ ਸਦਾ ਤੂੰ ਏਕੋ ਜੀ ਤੂੰ ਨਿਹਚਲੁ ਕਰਤਾ ਸੋਈ ॥ ਤੁਧੁ ਆਪੇ ਭਾਵੈ ਸੋਈ ਵਰਤੈ ਜੀ ਤੂੰ ਆਪੇ ਕਰਹਿ ਸੁ ਹੋਈ ॥ ਤੁਧੁ ਆਪੇ ਸ੍ਰਿਸਟਿ ਸਭ ਉਪਾਈ ਜੀ ਤੁਧੁ ਆਪੇ ਸਿਰਜਿ ਸਭ ਗੋਈ ॥ ਜਨੁ ਨਾਨਕੁ ਗੁਣ ਗਾਵੈ ਕਰਤੇ ਕੇ ਜੀ ਜੋ ਸਭਸੈ ਕਾ ਜਾਣੋਈ ॥੫॥੧॥ ਆਸਾ ਮਹਲਾ ੪ ॥ ਤੂੰ ਕਰਤਾ ਸਚਿਆਰੁ ਮੈਡਾ ਸਾਂਈ ॥ ਜੋ ਤਉ ਭਾਵੈ ਸੋਈ ਥੀਸੀ ਜੋ ਤੂੰ ਦੇਹਿ ਸੋਈ ਹਉ ਪਾਈ ॥੧॥ ਰਹਾਉ ॥ ਸਭ ਤੇਰੀ ਤੂੰ ਸਭਨੀ ਧਿਆਇਆ ॥ ਜਿਸ ਨੋ ਕ੍ਰਿਪਾ ਕਰਹਿ ਤਿਨਿ ਨਾਮ ਰਤਨੁ ਪਾਇਆ ॥ ਗੁਰਮੁਖਿ ਲਾਧਾ ਮਨਮੁਖਿ ਗਵਾਇਆ ॥ ਤੁਧੁ ਆਪਿ ਵਿਛੋੜਿਆ ਆਪਿ ਮਿਲਾਇਆ ॥੧॥ ਤੂੰ ਦਰੀਆਉ ਸਭ ਤੁਝ ਹੀ ਮਾਹਿ ॥ ਤੁਝ ਬਿਨੁ ਦੂਜਾ ਕੋਈ ਨਾਹਿ ॥ ਜੀਅ ਜੰਤ ਸਭਿ ਤੇਰਾ ਖੇਲੁ ॥ ਵਿਜੋਗਿ ਮਿਲਿ ਵਿਛੁੜਿਆ ਸੰਜੋਗੀ ਮੇਲੁ ॥੨॥ ਜਿਸ ਨੋ ਤੂ ਜਾਣਾਇਹਿ ਸੋਈ ਜਨੁ ਜਾਣੈ ॥ ਹਰਿ ਗੁਣ ਸਦ ਹੀ ਆਖਿ ਵਖਾਣੈ ॥ ਜਿਨਿ ਹਰਿ ਸੇਵਿਆ ਤਿਨਿ ਸੁਖੁ ਪਾਇਆ ॥ ਸਹਜੇ ਹੀ ਹਰਿ ਨਾਮਿ

ਸਮਾਇਆ ॥੩॥ ਤੂ ਆਪੇ ਕਰਤਾ ਤੇਰਾ ਕੀਆ ਸਭੁ ਹੋਇ ॥ ਤੁਧੁ ਬਿਨੁ ਦੂਜਾ ਅਵਰੁ ਨ ਕੋਇ ॥ ਤੂ ਕਰਿ ਕਰਿ ਵੇਖਹਿ ਜਾਣਹਿ ਸੋਇ ॥ ਜਨ ਨਾਨਕ ਗੁਰਮੁਖਿ ਪਰਗਟੁ ਹੋਇ ॥੪॥੨॥ ਆਸਾ ਮਹਲਾ ੧ ॥ ਤਿਤੁ ਸਰਵਰੜੈ ਭਈਲੇ ਨਿਵਾਸਾ ਪਾਣੀ ਪਾਵਕੁ ਤਿਨਹਿ ਕੀਆ ॥ ਪੰਕਜੁ ਮੋਹ ਪਗੁ ਨਹੀ ਚਾਲੈ ਹਮ ਦੇਖਾ ਤਹ ਡੂਬੀਅਲੇ ॥੧॥ ਮਨ ਏਕੁ ਨ ਚੇਤਸਿ ਮੂੜ ਮਨਾ ॥ ਹਰਿ ਬਿਸਰਤ ਤੇਰੇ ਗੁਣ ਗਲਿਆ ॥੧॥ ਰਹਾਉ ॥ ਨਾ ਹਉ ਜਤੀ ਸਤੀ ਨਹੀ ਪੜਿਆ ਮੂਰਖ ਮੁਗਧਾ ਜਨਮੁ ਭਇਆ ॥ ਪ੍ਰਣਵਤਿ ਨਾਨਕ ਤਿਨ ਕੀ ਸਰਣਾ ਜਿਨ ਤੂ ਨਾਹੀ ਵੀਸਰਿਆ ॥੨॥੩॥ ਆਸਾ ਮਹਲਾ ੫ ॥ ਭਈ ਪਰਾਪਤਿ ਮਾਨੁਖ ਦੇਹੁਰੀਆ ॥ ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ ॥ ਅਵਰਿ ਕਾਜ ਤੇਰੈ ਕਿਤੈ ਨ ਕਾਮ ॥ ਮਿਲੁ ਸਾਧਸੰਗਤਿ ਭਜੁ ਕੇਵਲ ਨਾਮ ॥੧॥ ਸਰੰਜਾਮਿ ਲਾਗੁ ਭਵਜਲ ਤਰਨ ਕੈ ॥ ਜਨਮੁ ਬ੍ਰਿਥਾ ਜਾਤ ਰੰਗਿ ਮਾਇਆ ਕੈ ॥੧॥ ਰਹਾਉ ॥ ਜਪੁ ਤਪੁ ਸੰਜਮੁ ਧਰਮੁ ਨ ਕਮਾਇਆ ॥ ਸੇਵਾ ਸਾਧ ਨ ਜਾਨਿਆ ਹਰਿ ਰਾਇਆ ॥ ਕਹੁ ਨਾਨਕ ਹਮ ਨੀਚ ਕਰੰਮਾ ॥ ਸਰਣਿ ਪਰੇ ਕੀ ਰਾਖਹੁ ਸਰਮਾ ॥੨॥੪॥

## ਸੋਹਿਲਾ ਰਾਗੁ ਗਉੜੀ ਦੀਪਕੀ ਮਹਲਾ ੧ ੴ ਸਤਿਗੁਰ ਪ੍ਰਸਾਦਿ ॥

ਜੈ ਘਰਿ ਕੀਰਤਿ ਆਖੀਐ ਕਰਤੇ ਕਾ ਹੋਇ ਬੀਚਾਰੋ ॥ ਤਿਤੁ ਘਰਿ ਗਾਵਹੁ ਸੋਹਿਲਾ ਸਿਵਰਿਹੁ ਸਿਰਜਣਹਾਰੋ ॥੧॥ ਤੁਮ ਗਾਵਹੁ ਮੇਰੇ ਨਿਰਭਉ ਕਾ ਸੋਹਿਲਾ ॥ ਹਉ ਵਾਰੀ ਜਿਤੁ ਸੋਹਿਲੈ ਸਦਾ ਸੁਖੁ ਹੋਇ ॥੧॥ ਰਹਾਉ ॥ ਨਿਤ ਨਿਤ ਜੀਅੜੇ ਸਮਾਲੀਅਨਿ ਦੇਖੈਗਾ ਦੇਵਣਹਾਰੁ ॥ ਤੇਰੇ ਦਾਨੈ ਕੀਮਤਿ ਨਾ ਪਵੈ ਤਿਸੁ ਦਾਤੇ ਕਵਣੁ ਸੁਮਾਰੁ ॥੨॥ ਸੰਬਤਿ ਸਾਹਾ ਲਿਖਿਆ ਮਿਲਿ ਕਰਿ ਪਾਵਹੁ ਤੇਲੁ ॥ ਦੇਹੁ ਸਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ ॥੩॥ ਘਰਿ ਘਰਿ ਏਹੋ ਪਾਹੁਚਾ ਸਦੜੇ ਨਿਤ ਪਵੰਨਿ ॥ ਸਦਣਹਾਰਾ ਸਿਮਰੀਐ ਨਾਨਕ ਸੇ ਦਿਹ ਆਵੰਨਿ ॥੪॥੧॥ ਰਾਗੁ ਆਸਾ ਮਹਲਾ ੧ ॥ ਛਿਅ ਘਰ ਛਿਅ ਗੁਰ ਛਿਅ ਉਪਦੇਸ ॥ ਗੁਰੁ ਗੁਰੁ ਏਕੋ ਵੇਸ ਅਨੇਕ ॥੧॥ ਬਾਬਾ ਜੈ ਘਰਿ ਕਰਤੇ ਕੀਰਤਿ ਹੋਇ ॥ ਸੋ ਘਰੁ ਰਾਖੁ ਵਡਾਈ ਤੋਇ ॥੧॥ ਰਹਾਉ ॥ ਵਿਸੁਏ ਚਸਿਆ ਘੜੀਆ ਪਹਰਾ ਥਿਤੀ ਵਾਰੀ ਮਾਹੁ ਹੋਆ ॥ ਸੂਰਜੁ ਏਕੋ ਰੁਤਿ